ਆਸਾ ਮਹਲਾ ੫ ॥ ਲਾਖ ਭਗਤ ਆਰਾਧਹਿ ਜਪਤੇ ਪੀਉ ਪੀਉ ॥ ਕਵਨ ਜੁਗਤਿ ਮੇਲਾਵਉ ਨਿਰਗੁਣ ਬਿਖਈ ਜੀਉ ॥੧॥ ਤੇਰੀ ਟੇਕ ਗੋਵਿੰਦ ਗੁਪਾਲ ਦਇਆਲ ਪ੍ਰਭ ॥ ਤੂੰ ਸਭਨਾ ਕੇ ਨਾਥ ਤੇਰੀ ਸ੍ਰਿਸਟਿ ਸਭ ॥੧॥ ਰਹਾਉ ॥ ਸਦਾ ਸਹਾਈ ਸੰਤ ਪੇਖਹਿ ਸਦਾ ਹਜੂਰਿ ॥ ਨਾਮ ਬਿਹੂਨੜਿਆ ਸੇ ਮਰਨਿ੍ ਵਿਸੂਰਿ ਵਿਸੂਰਿ ॥੨॥ ਦਾਸ ਦਾਸਤਣ ਭਾਇ ਮਿਟਿਆ ਤਿਨਾ ਗਉਣੁ ॥ ਵਿਸਰਿਆ ਜਿਨ੍ਾ ਨਾਮੁ ਤਿਨਾੜਾ ਹਾਲੁ ਕਉਣੁ ॥੩॥ ਜੈਸੇ ਪਸੁ ਹਰ੍ਹਿਆਉ ਤੈਸਾ ਸੰਸਾਰੁ ਸਭ ॥ ਨਾਨਕ ਬੰਧਨ ਕਾਟਿ ਮਿਲਾਵਹੁ ਆਪਿ ਪ੍ਰਭ ॥੪॥੪॥੧੦੬॥ {ਪੰਨਾ 397}

ਪਦਅਰਥ:- ਆਰਾਧਹਿ—ਆਰਾਧਦੇ ਹਨ। ਪੀਉ—ਪਿਆਰਾ। ਜੁਗਤਿ—ਤਰੀਕਾ। ਮੇਲਾਵਉ—ਮਿਲਉ, ਮੈਂ ਮਿਲਾਂ, ਮਿਲਉਂ। ਬਿਖਈ—ਵਿਕਾਰੀ। ਜੀਉ—ਜੀਵ।1।

ਗੋਵਿੰਦ—ਹੇ ਗੋਵਿੰਦ! ਪ੍ਰਭ—ਹੇ ਪ੍ਰਭੂ! ਨਾਥ—ਖਸਮ।1। ਰਹਾਉ।

ਸਹਾਈ ਸੰਤ—ਸੰਤਾਂ ਦੀ ਸਹਾਇਤਾ ਕਰਨ ਵਾਲਾ। ਪੇਖਹਿ—ਸੰਤ ਵੇਖਦੇ ਹਨ। ਹਜੂਰਿ—ਅੰਗ ਸੰਗ ਵੱਸਦਾ। ਬਿਹੂਨੜਿਆ—ਸੱਖਣੇ। ਮਰਨਿ੍—ਆਤਮਕ ਮੌਤ ਸਹੇੜਦੇ ਹਨ। ਵਿਸੂਰਿ—ਝੂਰ ਕੇ।2।

ਭਾਇ—ਭਾਵ ਵਿਚ (ਰਹਿ ਕੇ)। ਦਾਸਤਣ—ਦਾਸ-ਪਣ। ਦਾਸ ਦਾਸਤਣ ਭਾਇ—ਪਰਮਾਤਮਾ ਦੇ ਦਾਸਾਂ ਦਾ ਦਾਸ ਹੋਣ ਦੇ ਭਾਵ ਦੀ ਰਾਹੀਂ। ਗਉਣੁ—ਭਟਕਣਾ, ਜਨਮ ਮਰਨ ਦਾ ਗੇੜ। ਤਿਨਾੜਾ—ਉਹਨਾਂ ਦਾ। ਹਾਲੁ ਕਉਣੁ—ਕੇਹੜਾ ਹਾਲ? ਉਹ ਹਾਲ ਜੋ ਬਿਆਨ ਨਹੀਂ ਹੋ ਸਕਦਾ, ਭੈੜਾ ਹਾਲ।3।

ਪਸੁ—ਪਸ਼ੂ। ਹਰ੍ਹਿਆਉ—ਖੁੱਲ੍ਹਾ ਰਹਿ ਕੇ ਹਰੀਆਂ ਖੇਤੀਆਂ ਚੁਗਣ ਵਾਲਾ। ਕਾਟਿ—ਕੱਟ ਕੇ।4।

ਅਰਥ:- ਹੇ ਗੋਵਿੰਦ! ਹੇ ਗੁਪਾਲ! ਹੇ ਦਇਆਲ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ। ਤੂੰ ਸਭ ਜੀਵਾਂ ਦਾ ਖਸਮ ਹੈਂ, ਸਾਰੀ ਸ੍ਰਿਸ਼ਟੀ ਤੇਰੀ ਹੀ ਪੈਦਾ ਕੀਤੀ ਹੋਈ ਹੈ।1। ਰਹਾਉ।

ਹੇ ਪ੍ਰਭੂ! ਤੇਰੇ ਲੱਖਾਂ ਹੀ ਭਗਤ ਤੈਨੂੰ 'ਪਿਆਰਾ, ਪਿਆਰਾ' ਆਖ ਕੇ ਤੇਰਾ ਨਾਮ ਜਪਦੇ ਹਨ ਤੇਰੀ ਅਰਾਧਨਾ ਕਰਦੇ ਹਨ (ਉਹਨਾਂ ਦੇ ਸਾਹਮਣੇ ਮੈਂ ਤਾਂ) ਗੁਣ-ਹੀਣ ਵਿਕਾਰੀ ਜੀਵ ਹਾਂ, (ਹੇ ਪ੍ਰਭੂ!) ਮੈਂ ਤੈਨੂੰ ਕਿਸ ਤਰੀਕੇ ਨਾਲ ਮਿਲਾਂ?।1।

ਹੇ ਪ੍ਰਭੂ! ਤੂੰ ਆਪਣੇ ਸੰਤਾਂ ਦੀ ਸਹਾਇਤਾ ਕਰਨ ਵਾਲਾ ਹੈਂ ਤੇਰੇ ਸੰਤ ਤੈਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ, ਪਰ ਜੇਹੜੇ (ਭਾਗ-ਹੀਣ ਤੇਰੇ) ਨਾਮ ਤੋਂ ਵਾਂਜੇ ਹੋਏ ਹਨ ਉਹ (ਵਿਕਾਰਾਂ ਵਿਚ ਹੀ) ਝੂਰ ਝੂਰ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ।2।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਦਾਸਾਂ ਦਾ ਦਾਸ ਹੋਣ ਦੇ ਭਾਵ ਵਿਚ ਟਿਕੇ ਰਹਿੰਦੇ ਹਨ ਉਹਨਾਂ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਪਰ ਜਿਨ੍ਹਾਂ (ਮੰਦ-ਭਾਗੀਆਂ) ਨੂੰ ਤੇਰਾ ਨਾਮ ਭੁੱਲਾ ਰਹਿੰਦਾ ਹੈ ਉਹਨਾਂ ਦਾ ਹਾਲ ਭੈੜਾ ਹੀ ਟਿਕਿਆ ਰਹਿੰਦਾ ਹੈ।3।

(ਹੇ ਭਾਈ!) ਜਿਵੇਂ ਖੁਲ੍ਹਾ ਰਹਿ ਕੇ ਹਰੀਆਂ ਖੇਤੀਆਂ ਚੁਗਣ ਵਾਲਾ ਕੋਈ ਪਸ਼ੂ (ਅਵਾਰਾ ਭੌਂਦਾ ਫਿਰਦਾ) ਹੈ ਤਿਵੇਂ ਸਾਰਾ ਜਗਤ (ਵਿਕਾਰਾਂ ਪਿੱਛੇ ਭਟਕ ਰਿਹਾ ਹੈ)।

ਹੇ ਨਾਨਕ! (ਆਖ—) ਹੇ ਪ੍ਰਭੂ! (ਮੇਰੇ ਵਿਕਾਰਾਂ ਵਾਲੇ) ਬੰਧਨ ਕੱਟ ਕੇ ਮੈਨੂੰ ਤੂੰ ਆਪ ਆਪਣੇ ਚਰਨਾਂ ਵਿਚ ਜੋੜੀ ਰੱਖ।4। 4। 106।